# Phone call between Prime Minister Shri Narendra Modi and H.E. Ursula von der Leyen, President of the European Commission

May 03, 2021

## ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਅਤੇ ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਮਹਾਮਹਿਮ ਉਰਸੁਲਾ ਵੌਨ ਡੇਰ ਲੇਯੇਨ ਦੇ ਦਰਮਿਆਨ ਟੈਲੀਫੋਨ 'ਤੇ ਗੱਲਬਾਤ

3 ਮਈ, 2021

ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਨੇ ਅੱਜ ਯੂਰਪੀਅਨ ਕਮਿਸ਼ਨ ਦੀ ਪ੍ਰਧਾਨ ਮਹਾਮਹਿਮ ਉਰਸੁਲਾ ਵੌਨ ਡੇਰ ਲੇਯੇਨ ਦੇ ਨਾਲ ਟੈਲੀਫੋਨ 'ਤੇ ਗੱਲਬਾਤ ਕੀਤੀ।

ਦੋਹਾਂ ਨੇਤਾਵਾਂ ਨੇ ਕੋਵਿਡ - 19 ਦੀ ਦੂਸਰੀ ਲਹਿਰ ਨੂੰ ਨਿਯੰਤ੍ਰਿਤ ਕਰਨ ਦੇ ਲਈ ਭਾਰਤ ਦੁਆਰਾ ਕੀਤੇ ਜਾ ਰਹੇ ਪ੍ਰਯਤਨਾਂ ਸਮੇਤ ਭਾਰਤ ਅਤੇ ਯੂਰਪੀਅਨ ਸੰਘ ਵਿੱਚ ਕੋਵਿਡ-19 ਦੀ ਮੌਜੂਦਾ ਸਥਿਤੀ ਬਾਰੇ ਵਿਚਾਰਾਂ ਦਾ ਅਦਾਨ - ਪ੍ਰਦਾਨ ਕੀਤਾ। ਪ੍ਰਧਾਨ ਮੰਤਰੀ ਸ਼੍ਰੀ ਮੋਦੀ ਨੇ ਕੋਵਿਡ-19 ਦੀ ਦੂਸਰੀ ਲਹਿਰ ਦੇ ਖ਼ਿਲਾਫ਼ ਭਾਰਤ ਦੀ ਲੜਾਈ ਵਿੱਚ ਤੇਜ਼ ਸਹਿਯੋਗ ਦੇਣ ਦੇ ਲਈ ਯੂਰਪੀਅਨ ਸੰਘ ਅਤੇ ਉਸ ਦੇ ਮੈਂਬਰ ਦੇਸ਼ਾਂ ਦੀ ਪ੍ਰਸ਼ੰਸਾ ਕੀਤੀ।

ਦੋਹਾਂ ਨੇਤਾਵਾਂ ਨੇ ਇਸ ਤੱਥ ਨੂੰ ਰੇਖਾਂਕਿਤ ਕੀਤਾ ਕਿ ਪਿਛਲੇ ਸਾਲ ਜੁਲਾਈ ਵਿੱਚ ਹੋਏ ਭਾਰਤ-ਯੂਰਪੀਅਨ ਸੰਘ ਸਿਖਰ ਸੰਮੇਲਨ ਦੇ ਬਾਅਦ ਤੋਂ ਆਪਸੀ ਰਣਨੀਤਕ ਸਾਂਝੇਦਾਰੀ ਵਿੱਚ ਨਵੇਂ ਸਿਰੇ ਤੋਂ ਤੇਜ਼ੀ ਆਈ ਹੈ। ਦੋਹਾਂ ਨੇਤਾਵਾਂ ਨੇ ਇਸ ਗੱਲ 'ਤੇ ਸਹਿਮਤੀ ਪ੍ਰਗਟਾਈ ਕਿ ਭਾਰਤ - ਯੂਰਪੀਅਨ ਸੰਘ ਦੇ ਨੇਤਾਵਾਂ ਦੀ 8 ਮਈ 2021 ਨੂੰ ਵਰਚੁਅਲ ਫਾਰਮੈਟ ਵਿੱਚ ਹੋਣ ਵਾਲੀ ਅਗਲੀ ਬੈਠਕ ਭਾਰਤ - ਯੂਰਪੀਅਨ ਸੰਘ ਦੇ ਦਰਮਿਆਨ ਪਹਿਲਾਂ ਤੋਂ ਹੀ ਚਲੇ ਆ ਰਹੇ ਬਹੁ-ਆਯਾਮੀ ਸਬੰਧਾਂ ਨੂੰ ਨਵੇਂ ਸਿਰੇ ਤੋਂ ਗਤੀ ਪ੍ਰਦਾਨ ਕਰਨ ਦਾ ਇੱਕ ਮਹੱਤਵਪੂਰਨ ਅਵਸਰ ਹੈ।

ਭਾਰਤ - ਯੂਰਪੀਅਨ ਸੰਘ ਦੇ ਨੇਤਾਵਾਂ ਦੀ ਅਗਲੀ ਬੈਠਕ ਯੂਰਪੀਅਨ ਸੰਘ+27 ਦੇ ਫਾਰਮੈਟ ਵਿੱਚ ਹੋਣ ਵਾਲੀ ਪਹਿਲੀ ਬੈਠਕ ਹੋਵੇਗੀ ਅਤੇ ਇਹ ਭਾਰਤ-ਯੂਰਪੀਅਨ ਸੰਘ ਦੇ ਦਰਮਿਆਨ ਰਣਨੀਤਕ ਸਾਂਝੇਦਾਰੀ ਨੂੰ ਹੋਰ ਮਜ਼ਬੂਤ ਬਣਾਉਣ ਦੇ ਦੋਵੇਂ ਪੱਖਾਂ ਦੀ ਸਾਂਝੀ ਆਕਾਂਖਿਆ ਨੂੰ ਦਰਸਾਉਂਦੀ ਹੈ।

ਨਵੀਂ ਦਿੱਲੀ

3 ਮਈ, 2021

DISCLAIMER: This is an approximate translation. The original is available in English on MEA's website and may be referred to as the official press release.